# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 01-05-2026**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਜੇ. ਪੀ. ਨੱਡਾ ਨੇ ਅੱਜ ਮੋਹਾਲੀ ਵਿਖੇ ਰਾਸ਼ਟਰੀ ਫਾਰਮਾਸਿਊਟੀਕਲ ਸਿਖਿਆ ਤੇ ਖੋਜ ਸੰਸਥਾ ਦਾ ਦੌਰਾ ਕੀਤਾ I
- ਅੱਜ ਮਜ਼ਦੂਰ ਦਿਵਸ ਮੌਕੇ ,ਮਜ਼ਦੂਰ ਵਰਗ ਨੂੰ ਸਨਮਾਨ ਦੇਣ ਲਈ, ਪੰਜਾਬ ਵਿਧਾਨ ਸਭਾ ਦਾ ਇਕ ਦਿਨਾਂ ਵਿਸ਼ੇਸ਼ ਇਜਲਾਸ ਬੁਲਾਇਆ ਗਿਆ -ਮਜ਼ਦੂਰਾਂ ਦੀ ਉਜਰਤ ਵਿਚ 15 ਫੀਸਦੀ ਵਾਧੇ ਦਾ ਐਲਾਨ
- ਪੰਜਾਬ ਵਿੱਚ, ਮਰਦਮਸ਼ੁਮਾਰੀ 2027 ਲਈ ਕੱਲ੍ਹ ਤੋਂ ਸ਼ੁਰੂ ਹੋਈ ਸਵੈ-ਗਣਨਾ ਇਸ ਮਹੀਨੇ ਦੀ 14 ਤਰੀਕ ਤੱਕ ਜਾਰੀ ਰਹੇਗੀ।

- ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਨਗਰ ਨਿਗਮ ਕਮਿਸ਼ਨਰਾਂ ਨੂੰ ਆਵਾਰਾ ਕੁੱਤਿਆਂ ਦੇ ਖਤਰੇ ਨਾਲ ਨਜਿੱਠਣ ਲਈ ਤੁਰੰਤ ਕਾਰਵਾਈ ਦੇ ਦਿੱਤੇ ਨਿਰਦੇਸ਼ I
- ਅੱਜ ਬੁੱਧ ਪੂਰਨਿਮਾ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਈ ਜਾ ਰਹੀ ਏ।

ਅਤੇ

- -IPL ਕ੍ਰਿਕਟ ਵਿੱਚ, ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਜੈਪੁਰ 'ਚ, ਸ਼ਾਮੀ ਸਾਢੇ 7 ਵਜੇ, ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

-----------------------------------------------------------------------

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਜੇ. ਪੀ. ਨੱਡਾ ਨੇ ਅੱਜ ਮੋਹਾਲੀ ਵਿਖੇ ਰਾਸ਼ਟਰੀ ਫਾਰਮਾਸਿਊਟੀਕਲ ਸਿਖਿਆ ਤੇ ਖੋਜ ਸੰਸਥਾ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੂੰ ਸੰਸਥਾ ਵਿੱਚ ਅਤਿ-ਆਧੁਨਿਕ ਖੋਜ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਇਹ ਦੌਰਾ ਕੇਂਦਰ ਸਰਕਾਰ ਦੀ ਫਾਰਮਾਸਿਊਟੀਕਲ ਸਿੱਖਿਆ ਨੂੰ ਮਜ਼ਬੂਤ ਕਰਨ, ਨਵੀਨਤਾ ਨੂੰ ਉਤਸ਼ਾਹਿਤ ਕਰਨ ਅਤੇ ਬਾਇਓ-ਫਾਰਮਾ-ਸਿਊਟੀਕਲ ਖੇਤਰ ਵਿੱਚ ਖੋਜ ਅਤੇ ਵਿਕਾਸ ਨੂੰ ਅੱਗੇ ਵਧਾਉਣ ਪ੍ਰਤੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦਾ ਏ। ਸ਼੍ਰੀ ਨੱਡਾ ਨੇ ਇਸ ਮੌਕੇ ਵਿਦਿਆਰਥੀਆਂ ਨਾਲ ਵੀ

ਗੱਲਬਾਤ ਕੀਤੀ। ਭਾਰਤ ਸਰਕਾਰ ਦੇ ਫਾਰਮਾਸਿਊਟੀਕਲ ਵਿਭਾਗ ਦੇ ਸਕੱਤਰ ਮਨੋਜ ਜੋਸ਼ੀ ਦੇ ਨਾਲ, ਮੰਤਰੀ ਨੂੰ ਬੋਰਡ ਰੂਮ ਮੀਟਿੰਗ ਦੌਰਾਨ ਸੰਸਥਾ ਦੇ ਡਾਇਰੈਕਟਰ, ਪ੍ਰੋ. ਦੁਲਾਲ ਪਾਂਡਾ ਨੇ ਸੰਸਥਾ ਦੇ ਦ੍ਰਿਸ਼ਟੀਕੋਣ, ਮੁੱਖ ਪ੍ਰਦਰਸ਼ਨ ਸੂਚਕ ਅਤੇ ਰਣਨੀਤਕ ਖਾਕਾ ਪੇਸ਼ ਕੀਤਾ । ਸ਼੍ਰੀ ਨੱਡਾ ਨੇ ਅਨੁਵਾਦਕ ਖੋਜ ਨਤੀਜਿਆਂ ਦੀਆਂ ਪ੍ਰੋਟੋਟਾਈਪ ਪ੍ਰਦਰਸ਼ਨੀਆਂ ਦਾ ਵੀ ਦੌਰਾ ਕੀਤਾ, ਜਿਸ ਵਿੱਚ ਸੰਸਥਾ ਵਲੋਂ ਕੀਤੇ ਗਏ ਉਦਯੋਗ ਸਹਿਯੋਗ, ਪੇਟੈਂਟ ਅਤੇ ਕਲੀਨਿਕਲ ਅਜਮਾਇਸ਼ੀ ਪਹਿਲਕਦਮੀਆਂ 'ਤੇ ਪੇਸ਼ਕਾਰੀਆਂ ਵੀ ਸ਼ਾਮਲ ਸਨ। ਬਾਅਦ ਵਿੱਚ, ਉਨ੍ਹਾਂ ਨੇ ਸੰਸਥਾ ਮੈਡੀਸਨਲ ਸੁਕੂਲੈਂਟਸ ਗਾਰਡਨ ਦਾ ਵੀ ਉਦਘਾਟਨ ਕੀਤਾ।

--------------------------------------------------------

ਅੱਜ, ਦੁਨੀਆ ਭਰ ਦੇ ਮਜ਼ਦੂਰਾਂ ਦੇ ਸਨਮਾਨ ਲਈ ਮਜ਼ਦੂਰ ਦਿਵਸ ਮਨਾਇਆ ਜਾ ਰਿਹਾ ਏ। ਇਸਨੂੰ ਮਈ ਦਿਵਸ ਵਜੋਂ ਵੀ ਜਾਣਿਆ ਜਾਂਦਾ ਏ । ਇਸ ਦਿਨ, ਦੁਨੀਆ ਭਰ ਵਿੱਚ ਆਰਥਿਕ ਅਤੇ ਸਮਾਜਿਕ ਅਧਿਕਾਰਾਂ ਦੀ ਪ੍ਰਾਪਤੀ ਲਈ ਮਜ਼ਦੂਰਾਂ ਵੱਲੋਂ ਕੀਤੀਆਂ ਗਈਆਂ ਕੁਰਬਾਨੀਆਂ ਨੂੰ ਯਾਦ ਕੀਤਾ ਜਾਂਦਾ ਏ ।

--------------------------------------------------------

ਪੰਜਾਬ ਸਰਕਾਰ ਨੇ ਅੱਜ ਮਜ਼ਦੂਰ ਦਿਵਸ ਮੌਕੇ, ਦੇਸ਼ ਦੇ ਸਮਾਜਿਕ-

ਆਰਥਿਕ ਵਿਕਾਸ ਵਿੱਚ ਮਜ਼ਦੂਰ ਵਰਗ ਦੇ ਅਥਾਹ ਯੋਗਦਾਨ ਨੂੰ ਸਨਮਾਨਿਤ ਕਰਨ ਲਈ, ਰਾਜ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾਇਆ। ਇਜਲਾਸ ਦੀ ਸ਼ੁਰੂਆਤ ਵਿਛੋੜਾ ਦੇ ਗਈਆਂ ਹਸਤੀਆਂ ਆਜ਼ਾਦੀ ਘੁਲਾਟੀਏ ਚਮਨ ਲਾਲ, ਹਾਕੀ ਦੇ ਮਹਾਨ ਖਿਡਾਰੀ ਗੁਰਬਖਸ਼ ਸਿੰਘ ਅਤੇ ਉੱਘੇ ਫੋਟੋ ਪੱਤਰਕਾਰ ਰਘੂ ਰਾਏ ਨੂੰ ਸ਼ਰਧਾਂਜਲੀਆਂ ਭੇਟ ਕਰਕੇ ਕੀਤੀ ਗਈ। ਸਦਨ ਵਿੱਚ ਦਿਹਾੜੀਦਾਰ ਮਜ਼ਦੂਰਾਂ ਦੀ ਘੱਟੋ-ਘੱਟ ਉਜਰਤ ਵਿੱਚ ਸੋਧ 'ਤੇ ਚਰਚਾ ਹੋਈ, ਜਿਸਦੀ ਤਜਵੀਜ਼ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੋਂਧ ਨੇ ਰੱਖੀ ਸੀ । ਬਾਅਦ ਵਿੱਚ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਘੱਟੋ-ਘੱਟ ਉਜਰਤ ਵਿੱਚ 15 ਫੀਸਦੀ ਵਾਧੇ ਦਾ ਐਲਾਨ ਕਰਦਿਆਂ , ਇਸਨੂੰ ਲੰਬੇ ਸਮੇਂ ਤੋਂ ਬਕਾਇਆ ਸੋਧ ਦੱਸਿਆ। ਉਨ੍ਹਾਂ ਕਿਹਾ ਕਿ ਇਹ ਵਾਧਾ ਲਗਭਗ 13 ਸਾਲਾਂ ਦੇ ਵਕਫ਼ੇ ਤੋਂ ਬਾਅਦ ਆ ਹੋਇਆ ਏ । ਇਸ ਇਜਲਾਸ ਵਿੱਚ ਕਿਰਤ ਜਥੇਬੰਦੀ ਦੇ ਨੁਮਾਇੰਦੇ ਵੀ ਮੌਜੂਦ ਸਨ। ਮੁੱਖ ਮੰਤਰੀ ਨੇ 6 ਤੋਂ 9 ਮਈ ਤੱਕ ਚਾਰ ਦਿਨਾਂ ਸ਼ੁਕਰਾਨਾ ਯਾਤਰਾ ਸ਼ੁਰੂ ਕਰਨ ਦਾ ਐਲਾਨ ਵੀ ਕੀਤਾ, ਜਿਸ ਦਾ ਉਦੇਸ਼ ਉਨ੍ਹਾਂ ਦੀ ਸਰਕਾਰ ਨੂੰ 'ਜਾਗਤਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ (ਸੋਧ) ਐਕਟ, 2026' ਪਾਸ ਕਰਨ ਦੀ ਇਜਾਜ਼ਤ ਦੇਣ ਲਈ ਪਰਮਾਤਮਾ ਦਾ ਧੰਨਵਾਦ ਕਰਨਾ ਏ । BYTE:RNU010526

ਇਜਲਾਸ ‘ਚ ਕੁਝ ਹੋਰ ਜ਼ਰੂਰੀ ਵਿਧਾਨਕ ਕੰਮ ਵੀ ਕੀਤੇ ਗਏ। ਇਸ ਦੌਰਾਨ ਸਦਨ ਵਿੱਚ ਰੌਲੇ-ਰੱਪੇ ਵਾਲਾ ਮਾਹੌਲ ਵੀ ਦੇਖਣ ਨੂੰ ਮਿਲਿਆ ਜਦੋਂ ਵਿਰੋਧੀ ਧਿਰ ਨੇ ਮੁੱਖ ਮੰਤਰੀ 'ਤੇ ਕਥਿਤ ਤੌਰ 'ਤੇ ਨਸ਼ੇ ਦੀ ਹਾਲਤ ਵਿੱਚ ਸਦਨ ਵਿੱਚ ਸ਼ਾਮਲ ਹੋਣ ਦਾ ਇਲਜ਼ਾਮ ਲਗਾਇਆ। ਸਪੀਕਰ ਵਲੋਂ ਸਾਰੇ ਮੈਂਬਰਾਂ ਨੂੰ ਸ਼ਾਂਤੀ ਬਣਾਏ ਰੱਖਣ ਦੀ ਵਾਰ-ਵਾਰ ਕੀਤੀ ਗਈ ਅਪੀਲ ਨੂੰ ਅਣਡਿੱਠ ਕਰਨ ਤੋਂ ਬਾਅਦ , ਸਦਨ ਨੂੰ 10 ਮਿੰਟ ਲਈ ਮੁਲਤਵੀ ਕਰਨਾ ਪਿਆ। ਇਹ ਵਿਵਾਦ ਉਸ ਸਮੇਂ ਸ਼ੁਰੂ ਹੋਇਆ ਜਦੋਂ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਕਥਿਤ ਤੌਰ 'ਤੇ ਦਾਅਵਾ ਕੀਤਾ ਕਿ ਮੁੱਖ ਮੰਤਰੀ ਨਸ਼ੇ ਦੀ ਹਾਲਤ ਵਿੱਚ ਵਿਧਾਨ ਸਭਾ ਵਿੱਚ ਪਹੁੰਚੇ ਸਨ। ਸਾਡੇ ਜਲੰਧਰ ਪੱਤਰਕਾਰ ਨੇ ਦਸਿਆ ਕਿ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਵਿਧਾਨ ਸਭਾ ਵਿੱਚ ਸਾਰੇ ਵਿਧਾਇਕਾਂ ਦੇ ਅਲਕੋਹਲ ਮੀਟਰ ਟੈਸਟ ਦੀ ਮੰਗ ਕਰਨ ਤੋਂ ਬਾਅਦ, ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਲਿਖੇ ਇੱਕ ਪੱਤਰ ਵਿੱਚ, ਉਨ੍ਹਾਂ ਨੂੰ ਚੱਲ ਰਹੇ ਇਜਲਾਸ ਦੌਰਾਨ ਇੱਕ ਘੰਟੇ ਦੇ ਅੰਦਰ ਮੁੱਖ ਮੰਤਰੀ ਸਮੇਤ ਸਾਰੇ ਵਿਧਾਇਕਾਂ ਦਾ ਤੁਰੰਤ ਅਲਕੋਹਲ ਮੀਟਰ ਅਤੇ ਡੋਪ ਟੈਸਟ ਕਰਵਾਉਣ ਦੀ ਅਪੀਲ ਕੀਤੀ। ਸਪੀਕਰ ਨੇ ਸ੍ਰੀ ਬਾਜਵਾ ਦੀ ਇਸ ਮੰਗ ਨੂੰ ਰੱਦ ਕਰ ਦਿੱਤਾ। BJP ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਆਪਣੀ ਸੋਸ਼ਲ ਮੀਡੀਆ 'ਤੇ ਪੋਸਟ ਕੀਤਾ ਕਿ ਜਦੋਂ ਵਿਧਾਨ ਸਭਾ ਇਜਲਾਸ

ਮਹੱਤਵਪੂਰਨ ਏ ਤਾਂ ਵਿਸ਼ੇਸ਼ ਇਜਲਾਸ ਹੋਰ ਵੀ ਮਹੱਤਵਪੂਰਨ ਏ । ਉਨ੍ਹਾਂ ਕਿਹਾ ਕਿ ਜੇਕਰ ਵਿਧਾਨ ਸਭਾ ਵਿੱਚ ਦਾਖਲ ਹੋਣ ਵਾਲੇ ਆਗੂਆਂ ਦਾ ਸਾਹ ਲੈਣ ਵਾਲਾ ਟੈਸਟ ਕਰਵਾਇਆ ਜਾਵੇ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਹ ਕਿਸ ਹਾਲਤ ਵਿੱਚ ਇਜਲਾਸ ਵਿੱਚ ਸ਼ਾਮਲ ਹੋ ਰਹੇ ਨੇ , ਤਾਂ ਬਹੁਤ ਸਾਰੇ ਚਿਹਰੇ ਬੇਨਕਾਬ ਹੋ ਸਕਦੇ ਹਨ। ਸ਼੍ਰੋਮਣੀ ਅਕਾਲੀ ਦਲ ਨੇ ਵਿਧਾਨ ਸਭਾ ਇਜਲਾਸ ਦੀ ਮੁੱਖ ਮੰਤਰੀ ਦੇ ਵੀਡੀਓ ਜਾਰੀ ਕਰਦੇ ਹੋਏ ਗੰਭੀਰ ਇਲਜ਼ਾਮ ਲਗਾਏ। ਪਾਰਟੀ ਨੇ ਕਿਹਾ ਕਿ ਇਹ ਲੋਕਤੰਤਰ ਦੇ ਮੰਦਰ ਵਿੱਚ ਮਰਿਆਦਾ ਦੀ ਗੰਭੀਰ ਉਲੰਘਣਾ ਏ ਅਤੇ ਪੰਜਾਬ ਦੇ ਲੋਕਾਂ ਦਾ ਘੋਰ ਅਪਮਾਨ ਏ ਜਿਨ੍ਹਾਂ, ਉਨ੍ਹਾਂ ਨੂੰ ਚੁਣਿਆ ਏ । ਸ਼ਾਮ ਵੇਲੇ ਸਦਨ ਦੀ ਕਾਰਵਾਈ ਅਣਮਿਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ ।

---------------------------------------------------------------

ਪੰਜਾਬ ਵਿਧਾਨ ਸਭਾ ਨੇ ਜਿਵੇਂ ਹੀ ਆਪਣਾ ਵਿਸ਼ੇਸ਼ ਇਜਲਾਸ ਸ਼ੁਰੂ ਕੀਤਾ, ਭਾਰਤੀ ਜਨਤਾ ਪਾਰਟੀ ਨੇ ਅੱਜ ਚੰਡੀਗੜ੍ਹ ਵਿੱਚ ਆਪਣੇ ਪਾਰਟੀ ਦਫ਼ਤਰ ਨੇੜੇ ਇੱਕ ਸਮਾਨਾਂਤਰ 'ਜਨਤਾ ਦੀ ਵਿਧਾਨ ਸਭਾ' ਦਾ ਆਯੋਜਨ ਕੀਤਾ। ਪ੍ਰਤੀਕਾਤਮਕ ਇਜਲਾਸ ਦੀ ਅਗਵਾਈ BJP ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ

ਕੀਤੀ, ਜਿਸ ਵਿੱਚ ਤਰੁਣ ਚੁੱਘ, ਵਿਕਰਮ ਸਾਹਨੀ, ਵਿਜੇ ਸਾਂਪਲਾ ਅਤੇ ਤੀਕਸ਼ਣ ਸੂਦ ਸਮੇਤ ਸੀਨੀਅਰ ਆਗੂ ਸ਼ਾਮਲ ਰਹੇ । ਸਾਬਕਾ ਡਿਪਟੀ ਸਪੀਕਰ ਚਰਨਜੀਤ ਅਟਵਾਲ ਨੇ ਇਸ ਵੱਖਰੇ ਇਜਲਾਸ  ਦੀ ਪ੍ਰਧਾਨਗੀ ਕੀਤੀ। ਸਮਾਗਮ ਦੌਰਾਨ, ਸ੍ਰੀ ਜਾਖੜ ਨੇ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ, ਨਸ਼ਿਆਂ ਨਾਲ ਸਬੰਧਤ 1600 ਤੋਂ ਵੱਧ ਮੌਤਾਂ ਦੇ ਦਾਅਵਿਆਂ ਦਾ ਹਵਾਲਾ ਦਿੰਦੇ ਹੋਏ, ਪੰਜਾਬ ਵਿੱਚ ਨਸ਼ਿਆਂ ਦੀ ਦੁਰਵਰਤੋਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ । BYTE: ਜਾਖੜ ਬਾਈਟ:

BJP ਵਲੋਂ  ਸੂਬੇ ਵਿੱਚ ਸ਼ਾਸਨ ਦੀਆਂ ਅਸਫਲਤਾਵਾਂ ਨੂੰ ਉਜਾਗਰ ਕਰਨ ਲਈ ਇਸ ਮੰਚ  ਦੀ ਵਰਤੋਂ ਕੀਤੀ ਗਈ ਇਸ ਲਈ  ਇਜਲਾਸ ਨਸ਼ਿਆਂ ਅਤੇ ਹਿੰਸਾ ਦੇ ਪੀੜਤਾਂ ਦੀ ਯਾਦ ਵਿੱਚ ਇੱਕ ਮਿੰਟ ਦਾ ਮੌਨ ਧਾਰਨ ਨਾਲ ਸ਼ੁਰੂ ਹੋਇਆ ।

---------------------------------------------------------

ਪੰਜਾਬ ਵਿੱਚ, ਮਰਦਮਸ਼ੁਮਾਰੀ 2027 ਲਈ ਕੱਲ੍ਹ ਤੋਂ ਸ਼ੁਰੂ ਹੋਈ ਸਵੈ-ਗਣਨਾ ਇਸ ਮਹੀਨੇ ਦੀ 14 ਤਰੀਕ ਤੱਕ ਜਾਰੀ ਰਹੇਗੀ । ਇਸ ਨਾਲ ਲੋਕ ਘਰ ਬੈਠੇ ਹੀ ਆਪਣੇ ਜਨਸੰਖਿਆ ਅਤੇ ਸਮਾਜਿਕ-ਆਰਥਿਕ ਵੇਰਵੇ ਔਨਲਾਈਨ ਜਮ੍ਹਾਂ ਕਰਵਾ ਸਕਦੇ ਨੇ ।

ਸਵੈ-ਗਣਨਾ ਦੀ ਇਹ ਪਹਿਲਕਦਮੀ ਡੇਟਾ ਸੰਗ੍ਰਹਿ ਦੀ ਕੁਸ਼ਲਤਾ, ਕਵਰੇਜ ਅਤੇ ਭਰੋਸੇਯੋਗਤਾ ਨੂੰ ਵਧਾਉਂਦੇ ਹੋਏ ਮਿਲਕੇ ਗੱਲਬਾਤ ਦੀ ਜ਼ਰੂਰਤ ਨੂੰ ਕਾਫ਼ੀ ਹੱਦ ਤਕ ਘਟਾਉਂਦੀ ਏ। ਇਸ ਤੋਂ ਬਾਅਦ 15 ਮਈ ਤੋਂ 13 ਜੂਨ ਤੱਕ ਮਕਾਨਾਂ ਦਾ ਸੂਚੀਕਰਨ ਗੇੜ ਹੋਵੇਗਾ। ਸਥਾਨਕ ਸਰਕਾਰਾਂ ਵਿਭਾਗ, ਦੇ ਪ੍ਰਸ਼ਾਸਕੀ ਸਕੱਤਰ, ਮਨਜੀਤ ਸਿੰਘ ਬਰਾੜ ਅਤੇ ਪੰਜਾਬ ਅਤੇ ਚੰਡੀਗੜ੍ਹ, ਜਨਗਣਨਾ ਸੰਚਾਲਨ ਡਾਇਰੈਕਟੋਰੇਟ ਦੇ ਡਾਇਰੈਕਟਰ, ਡਾ. ਨਵਜੋਤ ਖੋਸਾ ਨੇ ਰਾਜ ਦੇ ਸਾਰੇ ਨਿਵਾਸੀਆਂ ਨੂੰ ਆਨਲਾਈਨ ਪੋਰਟਲ se.census.gov.in ਰਾਹੀਂ ਰਾਸ਼ਟਰੀ ਜਨਗਣਨਾ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ ਏ।

---------------------------------------------------------------

ਉਦਯੋਗ ਅਤੇ ਵਣਜ ਮੰਤਰੀ, ਸੰਜੀਵ ਅਰੋੜਾ ਨੇ ਅੱਜ ਨਗਰ ਨਿਗਮ ਕਮਿਸ਼ਨਰਾਂ ਅਤੇ ਵਧੀਕ ਡਿਪਟੀ ਕਮਿਸ਼ਨਰਾਂ ਨੂੰ ਪੰਜਾਬ ਭਰ ਵਿੱਚ ਆਵਾਰਾ ਕੁੱਤਿਆਂ ਦੇ ਵਧ ਰਹੇ ਖਤਰੇ ਨੂੰ ਪ੍ਰਭਾਵੀ ਢੰਗ ਨਾਲ ਨਜਿੱਠਣ ਲਈ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ । ਇਸ ਮੁੱਦੇ ਨੂੰ ਗੰਭੀਰ ਜਨਤਕ ਸੁਰੱਖਿਆ ਅਤੇ ਸਿਹਤ ਦਾ ਮਾਮਲਾ ਦੱਸਦਿਆਂ ਮੰਤਰੀ ਨੇ ਕਿਹਾ ਕਿ ਸ਼ਹਿਰੀ ਅਤੇ ਅਰਧ-ਸ਼ਹਿਰੀ ਖੇਤਰਾਂ

ਵਿੱਚ ਆਵਾਰਾ ਕੁੱਤਿਆਂ ਦੀ ਵੱਧ ਰਹੀ ਗਿਣਤੀ ਨਾਗਰਿਕਾਂ ਦੇ ਰੋਜ਼ਮਰਾਅ ਜੀਵਨ ਨੂੰ ਪ੍ਰਭਾਵਿਤ ਕਰਨ ਵਾਲੀ ਵੱਡੀ ਚੁਣੌਤੀ ਬਣ ਗਈ ਏ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਕੁੱਤਿਆਂ ਦੇ ਕੱਟਣ, ਬੱਚਿਆਂ ਅਤੇ ਬਜ਼ੁਰਗਾਂ 'ਤੇ ਹਮਲੇ ਅਤੇ ਰਿਹਾਇਸ਼ੀ ਖੇਤਰਾਂ ਵਿੱਚ ਘੁੰਮਦੇ ਹਮਲਾਵਰ ਝੁੰਡਾਂ ਦੀਆਂ ਘਟਨਾਵਾਂ ਨੇ ਲੋਕਾਂ ਵਿੱਚ ਡਰ ਅਤੇ ਅਸੁਰੱਖਿਆ ਪੈਦਾ ਕੀਤੀ ਏ। ਸ਼੍ਰੀ ਅਰੋੜਾ ਨੇ ਕਿਹਾ ਕਿ ਆਵਾਰਾ ਕੁੱਤਿਆਂ ਦਾ ਖ਼ਤਰਾ ਨਾ ਸਿਰਫ਼ ਇੱਕ ਸੁਰੱਖਿਆ ਮੁੱਦਾ ਏ ਸਗੋਂ ਇੱਕ ਵੱਡਾ ਜਨਤਕ ਸਿਹਤ ਜੋਖਮ ਵੀ ਏ ਕਿਉਂਕਿ ਕੁੱਤਿਆਂ ਦੇ ਕੱਟਣ ਨਾਲ ਰੇਬੀਜ਼ ਵਰਗੀਆਂ ਜਾਨਲੇਵਾ ਬਿਮਾਰੀਆਂ ਹੋ ਸਕਦੀਆਂ ਹਨ।

---

ਅੱਜ ਬੁੱਧ ਪੂਰਨਿਮਾ ਮਨਾਈ ਜਾ ਰਹੀ ਏ । ਅੱਜ ਦੇ ਦਿਨ ਭਗਵਾਨ ਗੌਤਮ ਬੁੱਧ ਦਾ ਜਨਮ ,ਗਿਆਨ ਪ੍ਰਾਪਤੀ ਅਤੇ ਮਹਾਪਰਿ-ਨਿਰਵਾਣ ਪ੍ਰਾਪਤ ਹੋਇਆ ਸੀ। ਉਨ੍ਹਾਂ ਨੇ ਬਿਹਾਰ ਦੇ ਬੋਧ ਗਯਾ ਵਿੱਚ ਮਹਾਬੋਧੀ ਰੁੱਖ ਹੇਠ ਗਿਆਨ ਪ੍ਰਾਪਤ ਕੀਤਾ ਸੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਬੁੱਧ ਪੂਰਨਿਮਾ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਇਹ ਪਵਿੱਤਰ ਦਿਨ ਭਗਵਾਨ ਬੁੱਧ ਦੇ ਜਨਮ, ਗਿਆਨ ਪ੍ਰਾਪਤੀ ਅਤੇ ਮਹਾਪਰਿ-ਨਿਰਵਾਣ ਦੀਆਂ ਇਤਿਹਾਸਕ ਘਟਨਾਵਾਂ ਦਾ ਪ੍ਰਤੀਕ ਏ। ਉਨ੍ਹਾਂ ਕਿਹਾ ਕਿ ਭਗਵਾਨ

ਬੁੱਧ ਦੇ ਦਇਆ, ਅਹਿੰਸਾ, ਸ਼ਾਂਤੀ ਅਤੇ ਗਿਆਨ ਦੇ ਸਦੀਵੀ ਸੰਦੇਸ਼ ਸਾਰੀ ਮਨੁੱਖਤਾ ਦਾ ਮਾਰਗ-ਦਰਸ਼ਨ ਕਰਦੇ ਰਹਿਣਗੇ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੇਸ਼ ਵਾਸੀਆਂ ਨੂੰ ਬੁੱਧ ਪੂਰਨਿਮਾ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਆਪਣੇ ਸੰਦੇਸ਼ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰ ਭਗਵਾਨ ਬੁੱਧ ਦੇ ਆਦਰਸ਼ਾਂ ਨੂੰ ਸਾਕਾਰ ਕਰਨ ਲਈ ਵਚਨਬੱਧ ਏ । ਉਨ੍ਹਾਂ ਉਮੀਦ ਪ੍ਰਗਟਾਈ ਕਿ ਭਗਵਾਨ ਬੁੱਧ ਦੀਆਂ ਸਿੱਖਿਆਵਾਂ ਸਮਾਜ ਵਿੱਚ ਖੁਸ਼ੀ ਅਤੇ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਨਗੀਆਂ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਭਗਵਾਨ ਬੁੱਧ ਦਾ ਜੀਵਨ ਸਾਨੂੰ ਸੱਚ, ਅਹਿੰਸਾ ਅਤੇ ਦਇਆ ਦੇ ਮਾਰਗ 'ਤੇ ਚੱਲ ਕੇ ਮਨੁੱਖਤਾ ਦੇ ਕਲਿਆਣ ਲਈ ਨਿਰੰਤਰ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕਰਦਾ ਏ ।

---

ਅੰਮ੍ਰਿਤਸਰ ਦੇ ਸ਼੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈਅੱਡੇ ਤੋਂ ਇੱਕ ਖਾਸ ਅਤੇ ਭਾਵੁਕ ਪਲ ਸਾਹਮਣੇ ਆਇਆ, ਜਿੱਥੇ ਕੇਂਦਰੀ ਉਦਯੋਗਿਕ ਸੁਰੱਖਿਆ ਬਲ-CISF ਦੇ ਸੂਹੀਆ ਕੁਤਿਆਂ ਦੀ ਟੀਮ ਦੇ ਵਫ਼ਾਦਾਰ ਮੈਂਬਰ ਮੈਕਸ ਨੂੰ ਪੂਰੇ ਮਾਨ-ਸਨਮਾਨ ਨਾਲ ਸੇਵਾਮੁਕਤ ਕੀਤਾ ਗਿਆ।

ਇਸ ਸਮਾਗਮ ਦੌਰਾਨ ਸੁਰੱਖਿਆ ਬਲ ਦੇ ਅਧਿਕਾਰੀਆਂ ਅਤੇ

ਕਰਮਚਾਰੀਆਂ ਵੱਲੋਂ ਮੈਕਸ ਦੀ ਸੇਵਾ ਨੂੰ ਯਾਦ ਕਰਦਿਆਂ ਉਸਨੂੰ ਵਿਸ਼ੇਸ਼ ਤੌਰ ‘ਤੇ ਵਿਦਾਈ ਦਿੱਤੀ ਗਈ। ਮੈਕਸ ਦਾ ਜਨਮ 10 ਮਾਰਚ 2020 ਨੂੰ ਹੋਇਆ ਸੀ ਅਤੇ 3 ਜੁਲਾਈ 2020 ਨੂੰ ਉਹ CISF ਵਿੱਚ ਭਰਤੀ ਹੋਇਆ। ਸਿਖਲਾਈ  ਪੂਰੀ ਕਰਨ ਤੋਂ ਬਾਅਦ ਉਸਦੀ ਤਾਇਨਾਤੀ ਅੰਮ੍ਰਿਤਸਰ ਹਵਾਈਅੱਡੇ ‘ਤੇ ਕੀਤੀ ਗਈ, ਜਿੱਥੇ ਉਸਨੇ ਲਗਭਗ 5 ਸਾਲ ਤੱਕ ਸੁਰੱਖਿਆ ਡਿਊਟੀ ਨਿਭਾਈ। ਆਪਣੇ ਸੇਵਾ ਦੌਰਾਨ ਮੈਕਸ ਨੇ ਉੱਚ ਪੱਧਰ ਦੀ ਚੌਕਸੀ, ਅਲਰਟਨੈੱਸ ਅਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ ਅਤੇ ਏਹਵਾਈਅੱਡੇ ਦੀ ਸੁਰੱਖਿਆ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਆਮ ਤੌਰ ‘ਤੇ ਡੌਗ ਸਕੁਆਡ ਦੇ ਮੈਂਬਰਾਂ ਦੀ ਸੇਵਾ ਮਿਆਦ 8 ਸਾਲ ਹੁੰਦੀ ਏ , ਪਰ ਗੰਭੀਰ ਬਿਮਾਰੀ ਕਾਰਨ ਮੈਕਸ ਨੂੰ 5 ਸਾਲ ਬਾਅਦ ਹੀ ਸੇਵਾਮੁਕਤ ਕਰਨਾ ਪਿਆ।

ਮੈਕਸ ਦੇ ਹੈਂਡਲਰ ਹੈਡ ਕਾਂਸਟੇਬਲ ਜਗਜੀਤ ਸਿੰਘ ਨੇ ਆਪਣੇ ਸਾਥੀ ਨੂੰ “Love you Max” ਕਹਿ ਕੇ ਵਿਦਾ ਕੀਤਾ ।

ਏਅਰਪੋਰਟ ਡਾਇਰੈਕਟਰ ਭੂਪਿੰਦਰ ਸਿੰਘ ਨੇ ਕਿਹਾ ਕਿ ਮੈਕਸ ਟੀਮ ਦਾ ਇੱਕ ਮਹੱਤਵਪੂਰਨ ਮੈਂਬਰ ਸੀ। ਉਸਦੀ ਸੇਵਾ ਕਿਸੇ ਵੀ ਇਨਸਾਨ ਤੋਂ ਘੱਟ ਨਹੀਂ ਸੀ।

BYTE:ਭੂਪਿੰਦਰ ਸਿੰਘ, ਏਅਰਪੋਰਟ ਡਾਇਰੈਕਟਰ

PTC-Monga

-----------------------------------------------------------

IPL ਕ੍ਰਿਕਟ ਵਿੱਚ, ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਅੱਜ ਦਿੱਲੀ ਕੈਪੀਟਲਜ਼ ਨਾਲ ਹੋਵੇਗਾ ।

ਇਹ ਮੈਚ ਜੈਪੁਰ ਦੇ ਸਵਾਈ ਮਾਨਸਿੰਘ ਸਟੇਡੀਅਮ ਵਿੱਚ ਸ਼ਾਮੀ ਸਾਢੇ 7 ਵਜੇ ਤੋਂ ਖੇਡਿਆ ਜਾਵੇਗਾ।

-----------------------------------------------------------

- ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਜੇ. ਪੀ. ਨੱਡਾ ਨੇ ਅੱਜ ਮੋਹਾਲੀ ਵਿਖੇ ਰਾਸ਼ਟਰੀ ਫਾਰਮਾਸਿਊਟੀਕਲ ਸਿਖਿਆ ਤੇ ਖੋਜ ਸੰਸਥਾ ਦਾ ਦੌਰਾ ਕੀਤਾ I
- ਅੱਜ ਮਜ਼ਦੂਰ ਦਿਵਸ ਮੌਕੇ ,ਮਜ਼ਦੂਰ ਵਰਗ ਨੂੰ ਸਨਮਾਨ ਦੇਣ ਲਈ, ਪੰਜਾਬ ਵਿਧਾਨ ਸਭਾ ਦਾ ਇਕ ਦਿਨਾਂ ਵਿਸ਼ੇਸ਼ ਇਜਲਾਸ ਬੁਲਾਇਆ ਗਿਆ -ਮਜ਼ਦੂਰਾਂ ਦੀ ਉਜਰਤ ਵਿਚ 15 ਫੀਸਦੀ ਵਾਧੇ ਦਾ ਐਲਾਨ
- ਪੰਜਾਬ ਵਿੱਚ, ਮਰਦਮਸ਼ੁਮਾਰੀ 2027 ਲਈ ਕੱਲ੍ਹ ਤੋਂ ਸ਼ੁਰੂ ਹੋਈ ਸਵੈ-ਗਣਨਾ ਇਸ ਮਹੀਨੇ ਦੀ 14 ਤਰੀਕ ਤੱਕ ਜਾਰੀ ਰਹੇਗੀ ।

- ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਨਗਰ ਨਿਗਮ ਕਮਿਸ਼ਨਰਾਂ ਨੂੰ ਆਵਾਰਾ ਕੁੱਤਿਆਂ ਦੇ ਖਤਰੇ ਨਾਲ ਨਜਿੱਠਣ ਲਈ ਤੁਰੰਤ ਕਾਰਵਾਈ ਦੇ ਦਿੱਤੇ ਨਿਰਦੇਸ਼ I
- ਅੱਜ ਬੁੱਧ ਪੂਰਨਿਮਾ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਈ ਜਾ ਰਹੀ ਏ। ਅਤੇ
- -IPL ਕ੍ਰਿਕਟ ਵਿੱਚ, ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਜੈਪੁਰ 'ਚ, ਸ਼ਾਮੀ ਸਾਢੇ 7 ਵਜੇ, ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 **ਵੱਜਕੇ 30** ਮਿੰਟ 'ਤੇ ਨਮਸਕਾਰ !